



# ਤਿਉਹਾਰਾਂ ਦੇ ਮੱਦੇਨਜ਼ਰ ਫ਼ਰੀਦਕੋਟ 'ਚ ਪੁਲਿਸ ਅਤੇ ਸਿਹਤ ਵਿਭਾਗ ਦੀ ਵੱਡੀ ਕਾਰਵਾਈ

**• ਸੋਨ ਪਾਪੜੀ ਅਤੇ ਬਰਫ਼ੀ ਦੀ ਫ਼ੈਕਟਰੀ 'ਤੇ ਕੀਤੀ ਰੇਡ**



**ਪਤੀਸੇ (ਸੋਨ ਪਾਪੜੀ) ਫ਼ੈਕਟਰੀ 'ਤੇ ਛਾਪੇਮਾਰੀ ਤੋਂ ਬਾਅਦ ਪੁਲਿਸ ਅਧਿਕਾਰੀ ਸੈਂਪਲ ਸੀਲ ਕਰਦੇ ਹੋਏ। ਅਜੀਤ ਤਸਵੀਰ**

ਫ਼ਰੀਦਕੋਟ, 19 ਅਕਤੂਬਰ (ਜਸਵੰਤ ਸਿੰਘ ਪੁਰਬਾ)-ਫ਼ਰੀਦਕੋਟ 'ਚ ਅੱਜ ਦੇਰ ਸ਼ਾਮ ਪੁਲਿਸ ਅਤੇ ਸਿਹਤ ਵਿਭਾਗ ਦੀ ਟੀਮ ਵਲੋਂ ਸਾਂਝੇ ਤੌਰ 'ਤੇ ਰਿਹਾਇਸ਼ੀ ਇਲਾਕੇ ਵਿਚ ਦੋ ਮੰਜਿਲਾ ਮਕਾਨ ਵਿਚ ਬਰਫ਼ੀ ਦੀ ਫ਼ੈਕਟਰੀ 'ਤੇ ਰੇਡ ਕਰਕੇ ਵੱਡੀ ਮਾਤਰਾ ਵਿਚ ਸੋਨ ਪਾਪੜੀ, ਕੱਚਾ ਖੋਆ, ਹਰਾ ਰੰਗ ਲੱਗੀਆਂ ਮੂੰਗਫ਼ਲੀ ਦੀਆਂ ਗਿਰੀਆਂ, ਬਰਫ਼ੀ, ਗਲੀ ਸੜੀ ਮਠਿਆਈ, ਰਾਜਸਥਾਨ ਦੀ ਮਸ਼ਹੂਰ ਬੀਕਾਨੇਰੀ ਸੋਨ ਪਾਪੜੀ ਬਰਾਂਡ ਦੇ ਡੱਬੇ ਅਤੇ ਇਨ੍ਹਾਂ ਡੱਬਿਆਂ ਵਿਚ ਪੈਕਿੰਗ ਕੀਤੀ ਜਾ ਰਹੀ ਸੋਨ ਪਾਪੜੀ ਮਿਲੀ। ਸਿਹਤ ਵਿਭਾਗ ਵਲੋਂ ਮੌਕੇ 'ਤੇ ਹੀ ਫ਼ੜ੍ਹੀ ਗਈ ਮਠਿਆਈ ਦੇ ਸੈਂਪਲ ਭਰੇ ਗਏ ਅਤੇ ਬਾਕੀ ਮਠਿਆਈ ਨੂੰ ਸੀਲ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਪੀ. ਮਨਿੰਦਰਵੀਰ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਜਿਸ ਦੇ ਅਧਾਰ 'ਤੇ ਸਿਹਤ ਵਿਭਾਗ ਦੀ ਟੀਮ ਸਮੇਤ ਫ਼ੈਕਟਰੀ 'ਤੇ ਚੈਕਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇੱਥੇ ਫ਼ੈਕਟਰੀ ਵਿਚ ਕਿਸੇ ਤਰਾਂ ਦੀ ਕੋਈ ਸਾਫ਼ ਸਫ਼ਾਈ ਦਾ ਧਿਆਨ ਨਹੀਂ ਰੱਖਿਆ ਜਾ ਰਿਹਾ, ਇਥੋਂ ਕਾਫ਼ੀ ਮਾਤਰਾ ਵਿਚ ਸੋਨ ਪਾਪੜੀ ਅਤੇ ਬਰਫ਼ੀ ਮਿਲੀ ਹੈ ਜਿਸ ਦੇ ਸੈਂਪਲ ਭਰੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਥੋਂ ਜੋ ਰੰਗ ਲੱਗੀ ਮੂੰਗਫ਼ਲੀ ਦੀਆਂ ਗਿਰੀਆਂ ਮਿਲੀਆਂ ਉਸ ਦੀ ਵੀ ਜਾਂਚ ਕੀਤੀ ਜਾ ਰਹੀ, ਰਾਜਸਥਾਨ ਦੀ ਮਸ਼ਹੂਰ ਬੀਕਾਨੇਰੀ ਸੋਨ ਪਾਪੜੀ ਦੇ ਰੈਪਰ ਮਿਲਣ ਅਤੇ ਉਸੇ ਬਰਾਂਡ ਨੇਮ ਹੇਠ ਕੀਤੀ ਜਾ ਰਹੀ ਸੋਨ ਪਾਪੜੀ ਦੀ ਪੈਕਿੰਗ ਬਾਰੇ ਉਨ੍ਹਾਂ ਕਿਹਾ ਕਿ ਇਹ ਜਾਂਚ ਦਾ ਵਿਸ਼ਾ ਹੈ ਅਤੇ ਜੋ ਵੀ ਸਿਹਤ ਵਿਭਾਗ ਵਲੋਂ ਜਾਂਚ ਰਿਪੋਰਟ ਦਿੱਤੀ ਜਾਵੇਗੀ ਉਸ ਮੁਤਾਬਿਕ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਸ ਮੌਕੇ ਗੱਲਬਾਤ ਕਰਦਿਆਂ ਫ਼ੂਡ ਸੇਫ਼ਟੀ ਅਫ਼ਸਰ ਹਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਇਤਲਾਹ ਮਿਲੀ ਸੀ ਕਿ ਇੱਥੇ ਫ਼ੈਕਟਰੀ ਚੱਲ ਰਹੀ ਹੈ ਜਿਸ ਵਿਚ ਪਤੀਸਾ ਅਤੇ ਬਰਫ਼ੀ ਬਣਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਪਾਰਟੀ ਸਮੇਤ ਉਹ ਆਏ ਹਨ ਚੈਕਿੰਗ ਕੀਤੀ ਹੈ ਇੱਥੇ ਕਾਫ਼ੀ ਉਣਤਾਨੀਆਂ ਪਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਥੇ ਸਾਫ਼ ਸਫ਼ਾਈ ਦਾ ਕੋਈ ਬਹੁਤਾ ਪ੍ਰਬੰਧ ਨਹੀਂ। ਉਨ੍ਹਾਂ ਦੱਸਿਆ ਕਿ ਜੋ ਮਠਿਆਈਆਂ ਮਿਲੀਆਂ ਹਨ ਉਨ੍ਹਾਂ ਦੇ ਸੈਂਪਲ ਭਰੇ ਗਏ ਹਨ ਅਤੇ ਟੈਸਟ ਰਿਪੋਰਟ ਆਉਣ ਤੋਂ ਬਾਅਦ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ, ਫਿਲਹਾਲ ਫ਼ੜਿ ਆ ਗਿਆ ਸਾਰਾ ਸਮਾਨ ਸੀਲ ਕੀਤਾ ਜਾਵੇਗਾ। ਰਾਜਸਥਾਨ ਦੀ ਮਸ਼ਹੂਰ ਮਠਿਆਈ ਦੇ ਬੇਨਰ ਹੇਠ ਫ਼ਰੀਦਕੋਟ ਵਿਚ ਪੈਕ ਕੀਤੇ ਜਾਣ ਬਾਰੇ ਉਹ ਕੋਈ ਬਹੁਤਾ ਸਾਰਥਿਕ ਜਵਾਬ ਨਹੀਂ ਦੇ ਸਕੇ ਬੱਸ ਰਿਪੋਰਟ ਆਉਣ ਤੋਂ ਬਾਅਦ ਕਾਰਵਾਈ ਕੀਤੇ ਜਾਣ ਦੀ ਗੱਲ ਕੀਤੀ ਗਈ।



**ਸੰਤ ਵਿਸਾਖਾ ਸਿੰਘ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਉਣ ਦੌਰਾਨ ਵਾਈਸ ਪ੍ਰਿੰਸੀਪਲ ਬਰਜੀਤ ਕੌਰ ਹੋਰ ਸਟਾਫ਼ ਤੇ ਵਿਦਿਆਰਥੀ। ਤਸਵੀਰ : ਅਮੋਲਕ ਸਿੰਘ ਕਲਸੀ**

# ਸੰਤ ਵਿਸਾਖਾ ਸਿੰਘ ਸਕੂਲ 'ਚ ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ

ਕਿਸ਼ਨਪੁਰਾ ਕਲਾਂ, 19 ਅਕਤੂਬਰ (ਅਮੋਲਕ ਸਿੰਘ ਕਲਸੀ)-ਜਥੇ. ਠਾਕਰ ਸਿੰਘ ਮਾਨ ਦੁਆਰਾ ਸਥਾਪਿਤ ਤੇ ਸਕੂਲ ਦੇ ਚੇਅਰਮੈਨ ਗੁਰਮੀਤ ਸਿੰਘ ਮਾਨ ਕੈਨੇਡਾ ਦੀ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਮੰਨੀ ਪ੍ਰਮੰਨੀ ਸਭ ਤੋਂ ਪੁਰਾਣੀ ਨਾਮਵਰ ਵਿੱਦਿਅਕ ਸੰਸਥਾ ਸੰਤ ਵਿਸਾਖਾ ਸਿੰਘ ਮੈਮੋਰੀਅਲ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕਿਸ਼ਨਪੁਰਾ ਕਲਾਂ ਵਿਖੇ ਵਾਈਸ ਪ੍ਰਿੰਸੀਪਲ ਬਰਜੀਤ ਕੌਰ ਦੀ ਅਗਵਾਈ ਹੇਠ ਸਕੂਲ ਵਿਚ ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਮਨਾਇਆ ਗਿਆ। ਸਕਲ ਵਿਚ ਵਿਦਿਆਰਥੀਆਂ ਵਲੋਂ ਦੀਵਾਲੀ ਮੌਕੇ ਬਹੁਤ ਹੀ ਵਧੀਆ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਵਲੋਂ ਇਸ ਦਿਵਸ ਨਾਲ ਸੰਬੰਧਿਤ ਕਵਿਤਾਵਾਂ, ਭਾਸ਼ਣ ਅਤੇ ਗੀਤ ਵੀ ਪੇਸ਼ ਕੀਤੇ ਗਏ ਅਤੇ ਦੀਵਿਆਂ ਦੇ ਸਜਾਵਟ, ਕਾਰਡ ਬਣਾਏ ਤੇ ਕਾਗ਼ਜ਼ ਦੀਆਂ ਲੜੀਆਂ ਬਣਾਈਆਂ। ਇਹ ਪ੍ਰਦਰਸ਼ਨੀ ਸਭ ਦੀ ਖਿੱਚ ਦਾ ਕੇਂਦਰ ਬਣੀ ਰਹੀ। ਸਕੂਲ ਦੀ ਵਾਈਸ ਪ੍ਰਿੰਸੀਪਲ ਬਰਜੀਤ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੀਆਂ ਬਹੁਤ ਬਹੁਤ ਵਧਾਈ ਦਿੰਦਿਆਂ ਦੀਵਾਲੀ ਦੇ ਇਤਿਹਾਸ ਬਾਰੇ ਦੱਸਿਆ ਕਿ ਦੀਵਾਲੀ ਦਾ ਤਿਉਹਾਰ ਬੰਬ ਪਟਾਕਿਆਂ 'ਤੇ ਫ਼ਜ਼ੂਲ ਖ਼ਰਚ ਨਾ ਕਰ ਕੇ ਲੋੜਵੰਦਾਂ ਦੀ ਮਦਦ ਕਰ ਕੇ ਵੀ ਮਨਾਇਆ ਜਾ ਸਕਦਾ ਹੈ ਅਤੇ ਛੋਟੇ ਬੱਚਿਆਂ ਨੂੰ ਆਪਣੇ ਮਾਤਾ-ਪਿਤਾ ਨਾਲ ਦੀਪਮਾਲਾ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਆਪਸੀ ਪਿਆਰ, ਏਕਤਾ ਤੇ ਖ਼ੁਸ਼ੀਆਂ ਦੇ ਨਾਲ-ਨਾਲ ਇਸ ਤਿਉਹਾਰ ਨੂੰ ਮਨੁੱਖਤਾ ਦੇ ਭਲੇ ਲਈ ਪ੍ਰਦੂਸ਼ਣ ਰਹਿਤ ਹੋ ਕੇ ਮਨਾਉਣਾ ਚਾਹੀਦਾ ਹੈ। ਇਸ ਮੌਕੇ ਸਕੂਲ ਸਟਾਫ਼ ਦੇ ਅਧਿਆਪਕ ਰਣਜੀਤ ਕੌਰ, ਰਾਜਪ੍ਰੀਤ ਕੌਰ, ਗੁਰਬੀਰ ਕੌਰ, ਬਲਰਾਜ ਕੌਰ, ਸਵਿਤਾ ਸ਼ਰਮਾ, ਸਿਮਰਨਪ੍ਰੀਤ ਕੌਰ, ਪਰਮਜੀਤ ਕੌਰ, ਗਗਨਦੀਪ ਕੌਰ, ਕਮਲਪ੍ਰੀਤ ਕੌਰ, ਕੰਵਲਜੀਤ ਕੌਰ, ਬੇਅੰਤ ਕੌਰ, ਅਮਨਦੀਪ ਕੌਰ, ਮਨਿੰਦਰ ਕੌਰ, ਜਤਿੰਦਰ ਕੌਰ, ਰਮਨਦੀਪ ਕੌਰ, ਜਗਦੀਪ ਸਿੰਘ ਨੇ ਦੀਵਾਲੀ ਦੀਆਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ।

# ਸ਼ੇਰ ਚੰਦ ਅਰੋੜਾ ਨੂੰ ਸਿਆਸੀ, ਸਮਾਜ ਸੇਵੀ ਅਤੇ ਬੁੱਧੀਜੀਵੀਆਂ ਵਲੋਂ ਸ਼ਰਧਾਂਜਲੀ ਭੇਟ

ਬਾਘਾ ਪੁਰਾਣਾ, 19 ਅਕਤੂਬਰ (ਟਿੰਕੂ ਕਾਠਪਾਲ)-ਸ਼ਿੰਦਰਪਾਲ ਅਰੋੜਾ ਅਤੇ ਵਿਪਨ ਅਰੋੜਾ ਦੇ ਪਿਤਾ ਅਤੇ ਅੰਕੁਸ਼ ਅਰੋੜਾ ਦੇ ਦਾਦਾ ਜੋ ਪ੍ਰਮਾਤਮਾ ਵਲੋਂ ਦਿੱਤੀ ਸਵਾਸਾਂ ਦੀ ਪੂੰਜੀ ਭੋਗਦੇ ਹੋਏ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਪਾਠ ਦਾ ਭੋਗ ਸਥਾਨਕ ਸ਼ਹਿਰ ਅੰਦਰ ਪੁਰਾਣਾ ਪਤੀ ਗੁਰਦੁਆਰਾ ਸਾਹਿਬ ਵਿਖੇ ਪਾਇਆ ਗਿਆ, ਰਾਗੀ ਜਥੇ ਕਥਾ ਕੀਰਤਨ ਕੀਤਾ ਗਿਆ ਉਪਰੰਤ ਸਵ. ਸ਼ੇਰ ਚੰਦ ਅਰੋੜਾ ਨੂੰ ਸ਼ਰਧਾ ਦੇ ਫ਼ੁੱਲ ਭੇਟ ਕਰਦਿਆਂ ਬੁਲਾਰਿਆਂ ਬਲਵਿੰਦਰ ਸਿੰਘ ਗਰੀਨ ਵਾਲੇ, ਐਡਵੋਕੇਟ ਨਰ ਸਿੰਘ ਬਰਾੜ ਚੇਅਰਮੈਨ ਸਪਰਿੰਗ ਫ਼ੀਲਡ ਸਕੂਲ, ਜਗਸੀਰ ਸਿੰਘ ਕਾਲੇਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਾਘਾ ਪੁਰਾਣਾ, ਵਿਜੇ ਸ਼ਰਮਾ ਭਾਜਪਾ ਸਾਬਕਾ ਪ੍ਰਧਾਨ ਜ਼ਿਲ੍ਹਾ ਮੋਗਾ ਨੇ ਕਿਹਾ ਕਿ ਉਹ ਸੱਚੇ ਸੁੱਚੇ ਇਨਸਾਨ ਸਨ ਅਤੇ ਹਮੇਸ਼ਾ ਲੋੜਵੰਦਾਂ ਦੀ ਮਦਦ ਕਰਨ ਦੇ ਨਾਲ ਨਾਲ ਨੇਕ ਸਾਊ ਅਤੇ ਧਾਰਮਿਕ ਪ੍ਰਵਿਰਤੀ ਦੇ ਮਾਲਕ ਸਨ। ਉਨ੍ਹਾਂ ਨੇ ਆਪਣੇ ਬੱਚਿਆਂ ਨੂੰ ਧਰਮ ਸਭਿਆਚਾਰ ਨਾਲ ਜੋੜ ਕੇ ਰੱਖਿਆ ਅਤੇ ਚੰਗੇ ਸੰਸਕਾਰ ਕਾਰਨ ਅੱਜ ਉਨ੍ਹਾਂ ਦੇ ਬੱਚਿਆਂ ਦੀ ਸਮਾਜ ਵਿਚ ਸ਼ੋਭਾ ਹੈ, ਆਖਿਰ ਵਿਚ ਉਨ੍ਹਾਂ ਨੇ ਕਿਹਾ ਕਿ ਪ੍ਰਮਾਤਮਾ ਸ਼ੇਰ ਚੰਦ ਅਰੋੜਾ ਨੂੰ ਆਪਣੇ ਚਰਨਾਂ ਵਿਚ ਸਥਾਨ ਦੇਵੇ ਅਤੇ ਪਰਿਵਾਰ ਨੂੰ ਸਦਮਾ ਬਰਦਾਸ਼ਤ ਕਰਨ ਦਾ ਬੱਲ ਬਖ਼ਸ਼ੇ। ਇਸ ਮੌਕੇ ਕੌਂਸਲਰ ਗੁਰਪ੍ਰੀਤ ਮਨਚੰਦਾ, ਧਰਮਿੰਦਰ ਸਿੰਘ ਰੱਖੜਾ, ਮਨਦੀਪ ਕੱਕੜ, ਰੇਸ਼ਮ ਚਾਨੀ ਪ੍ਰਧਾਨ ਵਿਸ਼ਵਕਰਮਾ ਗੁਰਦੁਆਰਾ ਪ੍ਰਬੰਧਕ ਕਮੇਟੀ, ਨਰਿੰਦਰ ਪਾਲ ਸਿੰਘ ਪ੍ਰਧਾਨ ਪੁਰਾਣਾ ਪੱਤੀ ਗੁਰਦੁਆਰਾ, ਸੁਨੀਲ ਕੁਮਾਰ ਪੰਪੀ, ਜਗਦੀਸ਼ ਅਰੋੜਾ, ਲਵਲੀ ਬਠਲਾ, ਰਿੰਕੂ ਲੂੰਬਾ, ਐਡਵੋਕੇਟ ਅਮਿਤ ਅਗਰਵਾਲ, ਸੁਖਦੀਪ ਸਿੰਘ ਰੋਡੇ, ਦਲਜੀਤ ਸਿੰਘ, ਰਿੰਕੂ ਨਰੂਲਾ, ਕੱਬੂ ਠੁਕਰਾਲ, ਵੇਦ ਪ੍ਰਕਾਸ਼ ਤਨੇਜਾ, ਦਰਸ਼ਨ ਗੋਇਲ ਕੁਲਵੰਤ ਰਾਏ ਅਰੋੜਾ, ਜੋਗਿੰਦਰ ਪਾਲ, ਲਲਿਤ ਗੋਇਲ, ਸੋਨੂੰ ਅਰੋੜਾ, ਨਵਤੇਜ ਸਿੰਘ, ਅਸ਼ਵਨੀ ਸ਼ਰਮਾ, ਰੌਸ਼ਨ ਲਾਲ ਰੋਸ਼ੀ, ਅਰੁਣ ਬੰਸਲ ਪ੍ਰਧਾਨ, ਵਿਜੇ ਬੰਟੀ ਜਿੰਦਲ ਵਾਈਸ ਪ੍ਰਧਾਨ, ਦੀਪਕ ਗਰਗ ਬੌਬੀ, ਨਵਜੋਤ ਸਿੰਘ ਪੀ.ਏ. ਇਲਾਵਾ ਸੈਂਕੜੇ ਦੀ ਗਿਣਤੀ ਵਿਚ ਇਲਾਕੇ ਭਰ ਦੇ ਪਤਵੰਤਿਆਂ ਵਲੋਂ ਸ਼ਮੂਲੀਅਤ ਕੀਤੀ ਗਈ। ਸ਼ਰਧਾਂਜਲੀ ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਸੇਵਾ ਬਲਵਿੰਦਰ ਸਿੰਘ ਗਰੀਨ ਵਾਲਿਆਂ ਵਲੋਂ ਨਿਭਾਈ ਅਤੇ ਸਮਾਗਮ ਦੇ ਆਖਿਰ ਵਿਚ ਪੁੱਜੀਆਂ ਹੋਈਆਂ ਸ਼ਖ਼ਸੀਅਤਾਂ ਦਾ ਸ਼ਿੰਦਰ ਅਰੋੜਾ ਵਿਪਨ ਅਰੋੜਾ ਵਲੋਂ ਧੰਨਵਾਦ ਕੀਤਾ ਗਿਆ।



**ਸ਼ੇਰ ਚੰਦ ਅਰੋੜਾ ਸ਼ਰਧਾਂਜਲੀ ਸਮਾਗਮ ਦੀਆਂ ਤਸਵੀਰਾਂ। ਤਸਵੀਰ : ਟਿੰਕੂ ਕਾਠਪਾਲ**



**ਬੂਟੇ ਲਾਉਂਦੇ ਹੋਏ ਰਾਜਿੰਦਰ ਸਿੰਘ ਸਰਾਂ ਸਾਬਕਾ ਤਹਿਸੀਲਦਾਰ, ਨਾਲ ਪ੍ਰੋ. ਦਰਸ਼ਨ ਸਿੰਘ ਸੰਧੂ, ਸੰਦੀਪ ਕਟਾਰੀਆ ਤੇ ਹੋਰ। ਅਜੀਤ ਤਸਵੀਰ**

# ਹੀਰੇ ਵੈਲਫੇਅਰ ਕਲੱਬ ਕੋਟਕਪੂਰਾ ਵਲੋਂ ਵਾਤਾਵਰਨ ਦੀ ਸ਼ੁੱਧਤਾ ਲਈ ਬੂਟੇ ਲਗਾਏ

ਕੋਟਕਪੂਰਾ, 19 ਅਕਤੂਬਰ (ਮੇਘਰਾਜ)-ਹੀਰੇ ਵੈਲਫ਼ੇਅਰ ਕਲੱਬ ਕੋਟਕਪੂਰਾ ਦੇ ਸੰਸਥਾਪਕ ਰਾਜਿੰਦਰ ਸਿੰਘ ਸਰਾਂ ਸਾਬਕਾ ਤਹਿਸੀਲਦਾਰ ਨੇ ਅੱਜ ਆਪਣੇ 64ਵਾਂ ਜਨਮ ਦਿਨ ਸਥਾਨਕ ਲਾਲਾ ਲਾਜਪਤ ਰਾਏ ਮਿਉਂਸਪਲ ਪਾਰਕ ਵਿਖੇ ਫ਼ਲਦਾਰ ਪੌਦੇ ਲਾ ਕੇ ਮਨਾਇਆ। ਉਨ੍ਹਾਂ ਕਲੱਬ ਦੇ ਸਮੂਹ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਖ਼ੁਸ਼ੀ ਜਾਂ ਗਮੀ ਦੇ ਮੌਕੇ ਆਪਣੇ ਘਰਾਂ ਜਾਂ ਸਾਂਝੀਆਂ ਥਾਵਾਂ 'ਤੇ ਵਾਤਾਵਰਨ ਦੀ ਸ਼ੁੱਧਤਾ ਲਈ ਫ਼ਲਦਾਰ, ਛਾਂਦਾਰ ਅਤੇ ਸਜਾਵਟੀ ਪੌਦੇ ਜ਼ਰੂਰ ਲਾਉਣ। ਉਨ੍ਹਾਂ ਕਿਹਾ ਕਿ ਸ਼ੁੱਧ ਹਵਾ ਲਈ ਵਾਤਾਵਰਨ ਦਾ ਸ਼ੁੱਧ ਹੋਣਾ ਅਤਿ ਜ਼ਰੂਰੀ ਹੈ। ਪੰਜਾਬ 'ਚ ਦਰੱਖਤ ਦਿਨੋਂ ਦਿਨ ਘਟ ਰਹੇ ਹਨ। ਬੂਟੇ ਘੱਟ ਲਗਾਏ ਜਾ ਰਹੇ ਹਨ ਅਤੇ ਵੱਢੇ ਜ਼ਿਆਦਾ ਜਾ ਰਹੇ ਹਨ। ਸਾਨੂੰ ਹੋਰਨਾਂ ਲੋਕਾਂ ਨੂੰ ਵੀ ਆਪਣੇ ਘਰਾਂ, ਸਾਂਝੀਆਂ ਥਾਵਾਂ, ਖੇਤਾਂ 'ਚ ਬੂਟੇ ਲਾਉਣ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸ ਉਪਰੰਤ ਉਨ੍ਹਾਂ ਹਾਜ਼ਰ ਮੈਂਬਰਾਂ ਨੂੰ ਵੱਖ ਵੱਖ ਤਰ੍ਹਾਂ ਦੇ ਬੂਟੇ ਵੀ ਵੰਡੇ। ਇਸ ਮੌਕੇ ਕਲੱਬ ਦੇ ਪ੍ਰਧਾਨ ਸੰਦੀਪ ਕਟਾਰੀਆ, ਪ੍ਰੋ. ਦਰਸ਼ਨ ਸਿੰਘ ਸੰਧੂ, ਚੇਅਰਮੈਨ ਦਲਜਿੰਦਰ ਸਿੰਘ ਸੰਧੂ, ਗੁਰਦੀਪ ਸਿੰਘ ਮੈਨੇਜਰ, ਗੋਪਾਲ ਕ੍ਰਿਸ਼ਨ ਵੋਹਰਾ, ਮਨਤਾਰ ਸਿੰਘ ਮੱਕੜ, ਕੈਪਟਨ ਜਰਨੈਲ ਸਿੰਘ ਮਾਨ, ਲਕਸ਼ਮਣ ਵੋਹਰਾ, ਜਸਕਰਤਾਰ ਸਿੰਘ, ਨਛੱਤਰ ਸਿੰਘ, ਸੰਜੀਵ ਧੀਂਗੜਾ, ਟੀ.ਆਰ. ਅਰੋੜ ਸਮੇਤ ਹੋਰ ਵੀ ਮੈਂਬਰ ਹਾਜ਼ਰ ਸਨ।

# ਨਾਜਾਇਜ਼ ਸ਼ਰਾਬ ਸਮੇਤ ਪੁਲਿਸ ਵਲੋਂ ਦੋ ਵਿਅਕਤੀ ਗ੍ਰਿਫ਼ਤਾਰ

ਕੋਟਕਪੂਰਾ, 19 ਅਕਤੂਬਰ (ਮੋਹਰ ਸਿੰਘ ਗਿੱਲ)-ਸਹਾਇਕ ਥਾਣੇਦਾਰ ਗੁਰਮੇਲ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਦੇ ਸਬੰਧ ਵਿਚ ਸਿਟੀ ਏਰੀਆ ਮੌਜੂਦ ਸੀ ਤਾਂ ਮੁਖ਼ਬਰ ਖ਼ਾਸ ਨੇ ਇਤਲਾਹ ਦਿੱਤੀ ਕਿ ਜਗਮੀਤ ਸਿੰਘ ਉਰਫ਼ ਚਿੜੀ ਵਾਸੀ ਕੋਟਕਪੂਰਾ, ਜੋ ਕਿ ਬਾਹਰਲੇ ਠੇਕਿਆਂ ਤੋਂ ਠੇਕਾ ਸ਼ਰਾਬ ਦੇਸੀ ਸਸਤੇ ਭਾਅ ਲਿਆ ਕੇ ਮਹਿੰਗੇ ਭਾਅ ਵੇਚਣ ਦਾ ਆਦੀ ਹੈ। ਜੋ ਅੱਜ ਵੀ ਦੇਵੀਵਾਲਾ ਰੋਡ ਨੇੜੇ ਬਿਜਲੀ ਘਰ ਕੋਟਕਪੂਰਾ ਪਾਸ ਤੁਰ ਫਿਰ ਕੇ ਵੇਚ ਰਿਹਾ ਹੈ। ਜੋ ਰੇਡ ਕਰਨ ਪਰ ਰੰਗੇ ਹੱਥੀ ਕਾਬੂ ਆ ਸਕਦਾ ਹੈ। ਪੁਲਿਸ ਪਾਰਟੀ ਨੇ ਮੌਕੇ ਪਰ ਛਾਪਾਮਾਰੀ ਕਰਕੇ ਉਸ ਨੂੰ 7 ਬੋਤਲਾਂ ਨਜਾਇਜ਼ ਸ਼ਰਾਬ ਦੇਸੀ, ਮਾਰਕਾ ਮੋਟਾ ਸੰਤਰਾ ਸਮੇਤ ਗ੍ਰਿਫ਼ਤਾਰ ਕਰਕੇ ਉਸ ਵਿਰੁੱਧ ਸ਼ਹਿਰੀ ਥਾਣਾ ਕੋਟਕਪੂਰਾ ਵਿਖੇ ਮਾਮਲਾ ਦਰਜ ਕੀਤਾ ਹੈ।

**24 ਬੋਤਲਾਂ ਸ਼ਰਾਬ ਬਰਾਮਦ**

ਏ.ਐਸ.ਆਈ ਦਰਸ਼ਨ ਸਿੰਘ ਸੇਖੋਂ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਅਤੇ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿਚ ਪਿੰਡ ਸੰਧਵਾਂ, ਸਿੱਖਾਂ ਵਾਲਾ ਆਦਿ ਨੂੰ ਜਾ ਰਹੇ ਸਨ ਤਾਂ ਜਦ ਪੁਲਿਸ ਪਾਰਟੀ ਪਿੰਡ ਸੰਧਵਾਂ ਟੱਪ ਕੇ ਲਿੰਕ ਰੋਡ ਪਿੰਡ ਸੰਧਵਾਂ ਤੋਂ ਨੈਸ਼ਨਲ ਹਾਈਵੇ ਨੰਬਰ 54 ਪਰ ਪੁੱਜੀ ਤਾਂ ਮੁਖ਼ਬਾਰ ਖ਼ਾਸ ਨੇ ਗੱਡੀ ਰੁਕਵਾ ਕੇ ਇਤਲਾਹ ਦਿੱਤੀ ਕਿ ਪ੍ਰਭਜੋਤ ਸਿੰਘ ਵਾਸੀ ਪਿੰਡ ਮਚਾਕੀ ਮੱਲ ਸਿੰਘ, ਜੋ ਸ਼ਰਾਬ ਠੇਕਾ ਦੇਸੀ ਅਤੇ ਅੰਗਰੇਜ਼ੀ ਬਾਹਰਲੀ ਸਟੇਟ ਤੋਂ ਸਸਤੇ ਰੇਟ 'ਤੇ ਲਿਆ ਕੇ ਮਹਿੰਗੇ ਭਾਅ ਵੇਚਣ ਦਾ ਆਦੀ ਹੈ। ਜੋ ਅੱਜ ਪਿੰਡ ਸਿੱਖਾਂ ਵਾਲਾ ਪਾਸ ਘੁੰਮਦਾ ਦੇਖਿਆ ਗਿਆ ਹੈ। ਜੇਕਰ ਹੁਣੇ ਇਸ ਦੀ ਭਾਲ ਪਿੰਡ ਸਿੱਖਾਂਵਾਲਾ ਦੇ ਆਸ-ਪਾਸ ਕੀਤੀ ਜਾਵੇ ਤਾਂ ਭਾਰੀ ਮਾਤਰਾ ਵਿਚ ਸ਼ਰਾਬ ਠੇਕਾ ਦੇਸੀ ਜਾਂ ਅੰਗਰੇਜੀ ਸਮੇਤ ਕਾਬੂ ਆ ਸਕਦਾ ਹੈ। ਪੁਲਿਸ ਪਾਰਟੀ ਨੇ ਉਕਤ ਮੁਲਜ਼ਮ ਨੂੰ 24 ਬੋਤਲਾਂ ਸ਼ਰਾਬ ਮਾਰਕਾ ਸੌਂਫ਼ੀ ਚੰਡੀਗੜ੍ਹ ਸਮੇਤ ਗ੍ਰਿਫ਼ਤਾਰ ਕਰਕੇ ਉਸ ਵਿਰੁੱਧ ਦਿਹਾਤੀ ਪੁਲਿਸ ਸਟੇਸ਼ਨ ਕੋਟਕਪੂਰਾ ਵਿਖੇ ਮਾਮਲਾ ਦਰਜ ਕੀਤਾ ਹੈ।

# ਧਾਰਮਿਕ ਸਮਾਗਮ ਅੱਜ

ਕੋਟਕਪੂਰਾ, 19 ਅਕਤੂਬਰ (ਮੋਹਰ ਸਿੰਘ ਗਿੱਲ)-ਬੰਦੀਛੋੜ ਦਿਵਸ (ਦੀਵਾਲੀ) ਦੇ ਸਬੰਧ ਵਿਚ ਸਥਾਨਕ ਗੁਰਦੁਆਰਾ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ, ਮੁਹੱਲਾ ਹਰਨਾਮਪੁਰਾ ਵਿਖੇ ਗੁਰਮਤਿ ਸਮਾਗਮ ਕੀਤਾ ਜਾ ਰਿਹਾ ਹੈ। ਲੈਕਚਰਾਰ ਬਲਵਿੰਦਰ ਸਿੰਘ, ਲੈਕਚਰਾਰ ਗੁਰਨਾਮ ਸਿੰਘ ਤੇ ਬਲਕਾਰ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਸਮਾਰੋਹ 20 ਅਕਤੂਬਰ ਨੂੰ ਸਵੇਰੇ 8 ਵਜੇ ਤੋਂ 10 ਵਜੇ ਤੱਕ ਹੋਵੇਗਾ ਜਿਸ ਵਿਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਸੰਗਤ ਰੂਪ ਵਿਚ ਕੀਤੇ ਜਾਣਗੇ।

